# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 28-09-2024**

- ਸੀਨੀਅਰ BJP ਨੇਤਾ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਜੰਮੂ ‘ਚ ਚੋਣ ਰੈਲੀ ਨੂੰ ਸੰਬੋਧਨ ਕੀਤਾ ਏ .
- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਸਮਾਜ ਦੇ ਹੇਠਲੇ ਪੱਧਰ 'ਤੇ ਰਹਿ ਰਹੇ ਵਰਗਾਂ ਨੂੰ ਸਮਾਜਿਕ ਨਿਆਂ ਦਿਵਾਉਣ ਲਈ ਕੰਮ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ ਏ ।
- ਦੇਸ਼ ਅੱਜ ਮਹਾਨ ਅਜ਼ਾਦੀ ਘੁਲਾਟੀਏ ਸ਼ਹੀਦ ਭਗਤ ਸਿੰਘ ਨੂੰ ਓਹਨਾਂ ਦੇ ਜਨਮਦਿਨ ‘ਤੇ ਯਾਦ ਕਰ ਰਿਹਾ ਏ ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਆਪਣੇ ਰੇਡੀਓ ਪ੍ਰੋਗ੍ਰਾਮ, ਮਨ ਕੀ ਬਾਤ ਦੇ 114ਵੇਂ ਐਪੀਸੋਡ ‘ਚ ਭਲਕੇ ਸਵੇਰੇ 11 ਵਜੇ ਦੇਸ਼ ਵਿਦੇਸ਼ 'ਚ ਲੋਕਾਂ ਨੂੰ ਸੰਬੋਧਨ ਕਰਨਗੇ।

-----------------------------------------------------

ਸੰਯੁਕਤ ਰਾਸ਼ਟਰ ਮਹਾਸਭਾ 'ਚ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਦੇ ਜੰਮੂ-ਕਸ਼ਮੀਰ ਦੇ ਹਵਾਲੇ 'ਤੇ ਭਾਰਤ ਨੇ ਜਵਾਬੀ ਹਮਲਾ ਕੀਤਾ ਏ। ਪਾਕਿਸਤਾਨ ਦੇ ਪ੍ਰਧਾਨ ਮੰਤਰੀ ਦੇ ਭਾਸ਼ਣ ਦੇ ਜਵਾਬ ਵਿੱਚ, ਭਾਰਤ ਨੇ ਕਿਹਾ ਏ ਕਿ ਇੱਕ ਦੇਸ਼ ਜੋ ਕਿ ਫੌਜ ਵੱਲੋਂ ਚਲਾਇਆ ਜਾਂਦਾ ਏ , ਅਤੇ ਦਹਿਸ਼ਤਗਰਦੀ ਤੇ ਨਸ਼ੀਲੇ ਪਦਾਰਥਾਂ ਦੇ ਕਾਰੋਬਾਰ ਅਤੇ ਅੰਤਰ-ਰਾਸ਼ਟਰੀ ਅਪਰਾਧ ਲਈ ਸਾਰੀ ਦੁਨੀਆ ‘ਚ ਜਾਣਿਆ ਜਾਂਦਾ ਏ, ਓਹ ਦੇਸ਼ ਦੁਨੀਆ ਦੇ ਸਭ ਤੋਂ ਵੱਡੇ ਲੋਕਰਾਜ 'ਤੇ ਹਮਲਾ ਕਰਨ ਦੀ ਹਿੰਮਤ ਰੱਖਦਾ ਏ। ਸੰਯੁਕਤ ਰਾਸ਼ਟਰ ਮਹਾਸਭਾ ਵਿੱਚ ਇੱਕ ਸੈਸ਼ਨ ਨੂੰ ਸੰਬੋਧਨ  ਕਰਦਿਆਂ ਭਾਰਤੀ ਸਫਾਰਤੀ ਅਧਿਕਾਰੀ ਭਾਵਿਕਾ ਮੰਗਲਾ-ਨੰਦਨ ਨੇ ਕਿਹਾ ਕਿ ਜਿਵੇਂ ਕਿ ਦੁਨੀਆ ਜਾਣਦੀ ਏ, ਪਾਕਿਸਤਾਨ ਨੇ ਲੰਮੇ ਸਮੇਂ ਤੋਂ ਸਰਹੱਦ ਪਾਰ ਦਹਿਸ਼ਤਗਰਦੀ ਨੂੰ ਆਪਣੇ ਗੁਆਂਢੀਆਂ ਦੇ ਖਿਲਾਫ ਇੱਕ ਹਥਿਆਰ ਵਜੋਂ ਵਰਤਿਆ ਏ। ਉਨ੍ਹਾਂ ਕਿਹਾ ਕਿ ਪਾਕਿਸਤਾਨ ਨੇ ਜੰਮੂ-ਕਸ਼ਮੀਰ ਜੋ ਭਾਰਤ ਦਾ ਅਨਿਖੜਵਾਂ ਅੰਗ ਏ ਦੀਆਂ ਚੋਣਾਂ ‘ਚ ਵਿਘਨ ਪਾਉਣ ਲਈ ਲਗਾਤਾਰ ਦਹਿਸ਼ਤਗਰਦੀ ਦੀ

ਵਰਤੋਂ ਕੀਤੀ ਏ। ਓਹਨਾਂ ਅੱਗੇ ਕਿਹਾ ਕਿ ਇਹ ਹਾਸੋਹੀਣੀ ਗੱਲ ਏ ਕਿ ਜਿਸ ਦੇਸ਼ ਨੇ 1971 ਵਿੱਚ ਨਸਲਕੁਸ਼ੀ ਕੀਤੀ ਅਤੇ ਜੋ ਆਪਣੀਆਂ ਘੱਟ ਗਿਣਤੀਆਂ 'ਤੇ ਲਗਾਤਾਰ ਜ਼ੁਲਮ ਕਰਦਾ ਏ, ਉਹ ਅੱਜ ਵੀ ਅਸਹਿਣਸ਼ੀਲਤਾ ਅਤੇ ਡਰ ਬਾਰੇ ਬੋਲਣ ਦੀ ਹਿੰਮਤ ਕਰਦਾ ਏ। ਸੰਯੁਕਤ ਰਾਸ਼ਟਰ ਮਹਾਸਭਾ ਦੇ 79ਵੇਂ ਸੈਸ਼ਨ ਦੀ ਆਮ ਬਹਿਸ 'ਚ ਸ਼ਾਹਬਾਜ਼ ਸ਼ਰੀਫ ਵੱਲੋਂ ਜੰਮੂ-ਕਸ਼ਮੀਰ ਦਾ ਮੁੱਦਾ ਚੁੱਕਣ ਦੇ ਜਵਾਬ 'ਚ ਭਾਰਤ, ਸ਼ੁੱਕਰਵਾਰ ਨੂੰ ਸੰਯੁਕਤ ਰਾਸ਼ਟਰ ਮਹਾਸਭਾ 'ਚ ਜਵਾਬ ਦੇ ਆਪਣੇ ਅਧਿਕਾਰ ਦੀ ਵਰਤੋਂ ਕਰ ਰਿਹਾ ਸੀ।

----------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਕਿ ਸੱਚਾਈ ਇੱਕ ਮਹਾਨ ਸ਼ਕਤੀ ਏ ਅਤੇ ਇਹ ਕਾਨੂੰਨੀ ਭਾਈਚਾਰੇ ਨੂੰ ਮਜ਼ਬੂਤ ਕਰਦੀ ਏ। ਰਾਸ਼ਟਰਪਤੀ ਅੱਜ ਹੈਦਰਾਬਾਦ ਵਿੱਚ ਨਲਸਾਰ ਯੂਨੀਵਰਸਿਟੀ ਦੀ 21ਵੀਂ ਕਨਵੋਕੇਸ਼ਨ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਸਮਾਜ ਦੇ ਹੇਠਲੇ ਪੱਧਰ 'ਤੇ ਰਹਿ ਰਹੇ ਵੰਚਿਤ ਵਰਗਾਂ ਨੂੰ ਸਮਾਜਿਕ ਨਿਆਂ ਦਿਵਾਉਣ ਲਈ ਕੰਮ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਰਾਸ਼ਟਰਪਤੀ ਨੇ ਵਿਦਿਆਰਥਣਾਂ ਦੇ ਸ਼ਾਨਦਾਰ

ਪ੍ਰਦਰਸ਼ਨ ਦੀ ਪ੍ਰਸ਼ੰਸਾ ਕੀਤੀ ਅਤੇ ਉਨ੍ਹਾਂ ਨੂੰ ਮਹਿਲਾ ਸਸ਼ਕਤੀਕਰਨ ਲਈ ਕੰਮ ਕਰਨ ਦਾ ਸੱਦਾ ਦਿੱਤਾ।

-----------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ, ਅੱਜ ਆਜ਼ਾਦੀ ਘੁਲਾਟੀਏ ਭਗਤ ਸਿੰਘ ਨੂੰ ਉਨ੍ਹਾਂ ਦੀ ਜਨਮ ਵਰ੍ਹੇਗੰਢ 'ਤੇ ਸ਼ਰਧਾਂਜਲੀ ਭੇਟ ਕੀਤੀ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਸ੍ਰੀ ਮੋਦੀ ਨੇ, ਭਗਤ ਸਿੰਘ ਨੂੰ ਸਲਾਮ ਕਰਦਿਆਂ ਕਿਹਾ, ਕਿ ਉਹ ਇੱਕ ਅਮਰ ਸ਼ਹੀਦ ਸਨ, ਜਿਨ੍ਹਾਂ ਨੇ ਮਾਤ ਭੂਮੀ ਦੇ ਸਵੈਮਾਣ ਦੀ ਰਾਖੀ ਲਈ, ਆਪਣੀ ਜਾਨ ਕੁਰਬਾਨ ਕਰ ਦਿੱਤੀ । ਇੱਕ VIDEO ਸੰਦੇਸ਼ ‘ਚ ਸ੍ਰੀ ਮੋਦੀ ਨੇ ਸ਼ਹੀਦ ਭਗਤ ਸਿੰਘ ਨੂੰ ਯਾਦ ਕੀਤਾ|–ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਆਪਣੇ ਸੰਦੇਸ਼ ‘ਚ ਕਿਹਾ ਕਿ ਕ੍ਰਾਂਤੀਕਾਰੀ ਭਗਤ ਸਿੰਘ ਜੀ ਨੇ ਨਾ ਸਿਰਫ ਬਰਤਾਨਵੀ ਹਕੂਮਤ ਨੂੰ ਬੁਲੰਦ ਆਵਾਜ਼ ਨਾਲ ਚੁਣੌਤੀ ਦਿੱਤੀ, ਸਗੋਂ ਦੇਸ਼ ਦੀ ਆਜ਼ਾਦੀ, ਅਤੇ ਸੁਨਹਿਰੀ ਭਵਿੱਖ ਲਈ ਆਪਣੀ ਜਾਨ ਵੀ ਕੁਰਬਾਨ ਕਰ ਦਿੱਤੀ। ਸ੍ਰੀ ਸ਼ਾਹ ਨੇ ਕਿਹਾ ਕਿ ਭਗਤ ਸਿੰਘ ਦੀ

ਕੁਰਬਾਨੀ ਦੀ ਚੰਗਿਆੜੀ ਇੰਨੀ ਵੱਡੀ ਲਾਟ ਬਣ ਗਈ, ਕਿ ਪੂਰੇ ਦੇਸ਼ ਵਿੱਚ ਆਜ਼ਾਦੀ ਦੀ ਲਹਿਰ ਹੋਰ ਤੇਜ਼ ਹੋ ਗਈ।

--------------------------------------------------------

ਪੰਜਾਬ ਦੇ ਮੁਖ ਮੰਤਰੀ ਭਗਵੰਤ ਮਾਨ ਨੇ, ਅੱਜ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਦੇ ਜਨਮਦਿਨ ਮੌਕੇ ਉਨ੍ਹਾਂ ਨੂੰ ਯਾਦ ਕੀਤਾ . ਉਨ੍ਹਾਂ ਨੇ ਸੋਸ਼ਲ ਮੀਡੀਆ 'ਤੇ ਇੱਕ ਪੋਸਟ ਸਾਂਝੀ ਕਰਦੇ ਹੋਏ ਲਿਖਿਆ, ਕਿ ਅਸੀਂ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਜੀ ਨੂੰ ਉਹਨਾਂ ਦੇ ਜਨਮਦਿਨ ਮੌਕੇ ਦਿਲੋਂ ਸਲਾਮ ਕਰਦੇ ਹਾਂ. ਉਨ੍ਹਾਂ ਦੀ ਮਹਾਨ ਕੁਰਬਾਨੀ ਅਤੇ ਉਨ੍ਹਾਂ ਵੱਲੋਂ ਦਰਸਾਏ ਆਦਰਸ਼ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਹਮੇਸ਼ਾ ਪ੍ਰੇਰਿਤ ਕਰਦੇ ਰਹਿਣਗੇ.

--------------------------------------------------------

ਮੋਗਾ ਵਿਖੇ ਅੱਜ, ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਅਤੇ ਸਰਬ ਭਾਰਤ ਨੌਜਵਾਨ ਸਭਾ ਪੰਜਾਬ ਨੇ ਸ਼ਹੀਦੇ ਆਜ਼ਮ ਭਗਤ ਸਿੰਘ ਦੇ ਜਨਮ ਦਿਨ ਮੌਕੇ ਸੂਬਾ ਪੱਧਰੀ ਸਮਾਗਮ ਕਰਵਾਇਆ ਗਿਆ। ‘ਸਾਡਾ ਦੇਸ਼ ਭਗਤ ਸਿੰਘ ਦੇ ਸੁਪਨਿਆਂ ਦਾ ਦੇਸ਼ ’ ਬੈਨਰ ਹੇਠ ਕਰਵਾਏ

ਸਮਾਗਮ ਦੌਰਾਨ ਹਰ ਇਕ ਲਈ ਮੁੱਫਤ ਅਤੇ ਲਾਜ਼ਮੀ ਵਿਗਿਆਨਿਕ ਸਿੱਖਿਆ, ਮੁੱਫਤ ਸਿਹਤ ਸਹੂਲਤਾਂ , ਵਾਤਵਰਣ ਅਤੇ ਪਾਣੀਆਂ ਦੀ ਸੰਭਾਲ , ਉਸਾਰੂ ਖੇਡ ਨੀਤੀ ਅਤੇ ਮਨੁੱਖੀ ਸ਼ਕਤੀ ਦੀ ਯੋਜਨਾਬੰਦੀ ਦੀ ਮੰਗ ਕੀਤੀ ਗਈ। ਇਸ ਸਮਾਗਮ ਵਿਚ ਪੰਜਾਬ ਭਰ ਵਿਚੋਂ ਹਜ਼ਾਰਾਂ ਵਲੰਟੀਅਰ ਹੱਥਾਂ ਵਿਚ ਮਸ਼ਾਲ ਫੜੀ ਕਾਫਲਿਆਂ ਦੇ ਰੂਪ ਵਿਖ ਪਹੁੰਚੇ । ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ‘ਬਨੇਗਾ’ ਮੁਹਿੰਮ ਦੇ ਮੁੱਖ ਸਲਾਹਕਾਰ ਬਾਈ ਜਗਰੂਪ ਸਿੰਘ ਨੇ ਸੰਬੋਧਨ ਕਰਦਿਆਂ ਆਖਿਆ ਕਿ ਨੌਜਵਾਨਾਂ ਨੂੰ ਯੋਗਤਾ ਅਨੁਸਾਰ ਕੰਮ ਅਤੇ ਕੰਮ ਅਨੁਸਾਰ ਤਨਖਾਹ ਦੇਣ ਦੀ ਗਰੰਟੀ ਹੋਣੀ ਚਾਹੀਦੀ ਏ। ਉਹਨਾਂ ਆਖਿਆ ਕਿ ਕੰਮ ਨਾ ਮਿਲਣ ਦੀ ਸੂਰਤ ਵਿਚ ਇੰਤਜ਼ਾਰ ਭੱਤਾ ਦੇਣਾ ਲਾਜ਼ਮੀ ਕੀਤਾ ਜਾਵੇ। ਉਹਨਾਂ ਆਖਿਆ ਕਿ ਸਮਾਜ ਬੇਰੁਜ਼ਗਾਰੀ ਕਾਰਨ ਆਰਥਿਕ ਥੁੜਾਂ ਸਮੇਤ ਅਨੇਕਾਂ ਮੁਸ਼ਕਿਲਾਂ ਦਾ ਸਾਹਮਣਾ ਕਰ ਰਿਹਾ ਹੈ ਤੇ ਅਜਿਹੇ ਹਾਲਾਤ ਵਿਚ ਸ਼ਹੀਦ ਭਗਤ ਸਿੰਘ ਦੀ ਵਿਚਾਰਧਾਰਕ ਅਗਵਾਈ ਦੀ ਲੋੜ ਏ।

---------------------------------------------------

ਓਧਰ, ਹੁਸ਼ਿਆਰਪੁਰ ਵਿਖੇ ਵੀ ਸ਼ਹੀਦ ਭਗਤ ਸਿੰਘ ਯੂਥ ਕਲੱਬ ਵੱਲੋਂ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜਨਮ ਦਿਹਾੜੇ ਮੌਕੇ ਫਤਿਹਗੜ੍ਹ ਚੌਕ ਵਿਖੇ ਸਥਿਤ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਬੁੱਤਾਂ ਤੇ ਫੁੱਲ ਮਾਲਾਵਾਂ ਭੇਟ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਪ੍ਰੋਗਰਾਮ ਵਿੱਚ ਸਾਬਕਾ ਕੈਬਨਿਟ ਮੰਤਰੀ ਸੁੰਦਰ ਸ਼ਾਮ ਅਰੋੜਾ, ਸਾਬਕਾ ਮੰਤਰੀ ਵਿਜੇ ਸਾਂਪਲਾ, ਅਤੇ ਡਾ. ਸੰਜੇ ਨਾਰਦ ਨੇ ਵਿਸ਼ੇਸ਼ ਤੌਰ ਤੇ ਪਹੁੰਚ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਦੇਸ਼ਵਾਸੀਆਂ ਨੂੰ ਸ਼ਹੀਦਾਂ ਦੇ ਵਿਚਾਰਾਂ ਤੇ ਪਹਿਰਾ ਦੇਣ ਦਾ ਸੰਦੇਸ਼ ਦਿੱਤਾ ਗਿਆ।

--------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਆਪਣੇ ਰੇਡੀਓ ਪ੍ਰੋਗ੍ਰਾਮ, ਮਨ ਕੀ ਬਾਤ ਦੇ 114ਵੇਂ ਐਪੀਸੋਡ ‘ਚ ਭਲਕੇ ਸਵੇਰੇ 11 ਵਜੇ ਦੇਸ਼ ਵਿਦੇਸ਼ 'ਚ ਲੋਕਾਂ ਨੂੰ ਸੰਬੋਧਨ ਕਰਨਗੇ। 'ਮਨ ਕੀ ਬਾਤ' ਪ੍ਰੋਗਰਾਮ ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਸਮੁੱਚੇ ਨੈੱਟਵਰਕ, ਆਕਾਸ਼ਵਾਣੀ ਖਬਰਾਂ ਦੀ WEBSITE ਅਤੇ NEWSONAIR ਮੋਬਾਈਲ ਐਪ 'ਤੇ ਪ੍ਰਸਾਰਿਤ ਕੀਤਾ ਜਾਵੇਗਾ। ਇਸ ਨੂੰ

AIR ਨਿਊਜ਼, DD ਨਿਊਜ਼, ਪ੍ਰਧਾਨ ਮੰਤਰੀ ਦੇ ਦਫਤਰ ਅਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ YOUTUBE ਚੈਨਲਾਂ 'ਤੇ ਵੀ ਲਾਈਵ ਸਟ੍ਰੀਮ ਕੀਤਾ ਜਾਵੇਗਾ। ਆਕਾਸ਼ਵਾਣੀ ,ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਵੀ ਪ੍ਰਸਾਰਿਤ ਕਰੇਗਾ।

------------------------------------------------------------

ਨਾਭਾ ਵਿਖੇ ਬਲਾਕ ਪੱਧਰੀ ਪੋਸ਼ਣ ਮਾਹ ਸਮਾਗਮ ਕਰਾਇਆ ਗਿਆ। ਇਸ ਸਮਾਗਮ ਵਿੱਚ ਮੁੱਖ ਮਹਿਮਾਨ ਦੇ ਤੌਰ ਤੇ ਹਲਕਾ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਅਤੇ ਵਿਸ਼ੇਸ਼ ਮਹਿਮਾਨ ਦੇ ਤੌਰ ਤੇ ਉਪ ਮੰਡਲ ਮੈਜਿਸਟ੍ਰੇਟ ਨਾਭਾ ਡਾ. ਇਸਮਤ ਵਿਜੈ ਸਿੰਘ ਨੇ ਸ਼ਿਰਕਤ ਕੀਤੀ। ਸਮਾਗਮ ਦੌਰਾਨ ਨਾਭਾ ਬਲਾਕ ਦੀਆਂ ਆਂਗਣਵਾੜੀ ਵਰਕਰਾਂ ਦੁਆਰਾ ਰਿਵਾਇਤੀ ਅਤੇ ਨਿਵੇਕਲੇ ਪੌਸ਼ਟਿਕ ਭੋਜਨ ਤਿਆਰ ਕਰਕੇ ਪੋਸ਼ਣ ਪਕਵਾਨ ਮੇਲਾ ਲਗਾਇਆ ਗਿਆ। ਇਸ ਮੇਲੇ ਵਿੱਚ ਮੁੱਖ ਮਹਿਮਾਨ ਨੇ ਵੱਖ -ਵੱਖ ਚੀਜਾਂ ਤੋਂ ਤਿਆਰ ਹੋਏ ਪਕਵਾਨਾਂ ਬਾਰੇ ਜਾਣਕਾਰੀ ਲਈ ਗਈ।

------------------------------------------------------------

ਮੁਹਾਲੀ ਦੇ ਜਿਲ੍ਹਾ ਮੈਜਿਸਟਰੇਟ ਆਸ਼ਿਕਾ ਜੈਨ ਨੇ ਜ਼ਿਲ੍ਹੇ ਵਿੱਚ 27 ਸਤੰਬਰ ਤੋਂ 16 ਅਕਤੂਬਰ ਤੱਕ ਹਥਿਆਰ ਅਤੇ ਗੋਲਾ-ਬਾਰੂਦ ਨਾਲ ਲੈ ਕੇ ਚੱਲਣ 'ਤੇ ਪਾਬੰਦੀ ਲਗਾ ਦਿੱਤੀ ਏ। ਹੁਕਮਾਂ ਵਿੱਚ ਉਨ੍ਹਾਂ ਕਿਹਾ ਏ ਕਿ ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਜਾਰੀ ਹਦਾਇਤਾਂ ਅਤੇ ਆਦਰਸ਼ ਚੋਣ ਜ਼ਾਬਤੇ ਦੇ ਦਿਸ਼ਾ-ਨਿਰਦੇਸ਼ਾਂ ਦੇ ਮੱਦੇਨਜ਼ਰ ਇਹ ਪਾਬੰਦੀ ਲਗਾਈ ਗਈ ਏ। ਤਾਂ ਜੋ ਗਰਾਮ ਪੰਚਾਇਤਾਂ ਦੀਆਂ ਆਮ ਚੋਣਾਂ ਦੌਰਾਨ ਅਮਨ-ਕਾਨੂੰਨ ਅਤੇ ਆਮ ਜਨਤਾ ਦੀ ਸੁਰੱਖਿਆ ਨਾਲ ਸਬੰਧਤ ਕੋਈ ਵੀ ਅਣਸੁਖਾਵੀਂ ਘਟਨਾ ਨਾ ਵਾਪਰੇ। ਹੁਕਮਾਂ ਵਿੱਚ ਕਿਹਾ ਗਿਆ ਏ ਕਿ ਪੁਲਿਸ ਜਾਂ ਮਿਲਟਰੀ ਜਾਂ ਅਰਧ-ਸੈਨਿਕ ਕਰਮਚਾਰੀ ਅਤੇ ਹੋਰ ਸਰਕਾਰੀ ਕਰਮੀਆਂ ਨੂੰ ਉਨ੍ਹਾਂ ਡਿਊਟੀ ਦੇ ਸਬੰਧ ਵਿੱਚ ਮਨਾਹੀ ਤੋਂ ਛੋਟ ਦਿੱਤੀ ਜਾਵੇਗੀ।

-----------------------------------------------------------------

ਫਰੀਦਕੋਟ ਜਿਲ੍ਹੇ ਵਿੱਚ ਸਵੱਛਤਾ ਹੀ ਸੇਵਾ ਮੁਹਿੰਮ ਤਹਿਤ 17 ਸਤੰਬਰ ਤੋਂ 2 ਅਕਤੂਬਰ 2024 ਤੱਕ ਕਰਵਾਈਆਂ ਜਾ ਰਹੀਆਂ ਵੱਖ-ਵੱਖ ਗਤੀਵਿਧੀਆਂ ਤਹਿਤ ਨਗਰ ਕੌਂਸਲ ਨੇ ਸਪੈਸ਼ਲ ਸਫਾਈ ਮੁਹਿੰਮ ਚਲਾ

ਕੇ ਸ਼ਹਿਰ ਦੇ ਚੌਕਾਂ ਅਤੇ ਸੜਕਾਂ ਦੀ ਸਫਾਈ ਕਰਵਾਈ ਏ। ਇਸ ਸਬੰਧੀ ਜਾਣਕਾਰੀ ਦਿੰਦਿਆ ਨਗਰ ਕੌਂਸਲ ਦੇ ਪ੍ਰਧਾਨ ਨਰਿੰਦਰਪਾਲ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ ਅੱਜ ਨਗਰ ਕੌਂਸਲ ਨੇ ਸਪੈਸ਼ਲ ਕਲੀਨ ਡਰਾਈਵ ਚਲਾਈ। ਇਸ ਦੌਰਾਨ ਸ਼ਹੀਦ ਬਲਵਿੰਦਰ ਸਿੰਘ ਨਗਰ ਰੋਡ ਤੋਂ ਪਲਾਸਟਿਕ ਪਿਕਿੰਗ ਡਰਾਈਵ ਚਲਾ ਕੇ ਪਲਾਸਟਿਕ ਵੇਸਟ ਇਕੱਠੀ ਕੀਤੀ ਗਈ ਅਤੇ ਉਸ ਥਾਂ ਤੇ ਬੂਟੇ ਵੀ ਲਗਾਏ ਗਏ।

-------------------------------------------------------------

ਪਟਿਆਲਾ ਜ਼ਿਲ੍ਹੇ ਦੇ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਕਰਨ ਵਿੱਚ ਹਰ ਸੰਭਵ ਮਦਦ ਕਰਨ ਲਈ 'ਉੱਨਤ ਕਿਸਾਨ' ਮੋਬਾਇਲ ਐਪ ਬਣਾਈ ਗਈ ਏ ਤਾਂ ਜੋ ਕਿਸਾਨਾਂ ਨੂੰ ਫਸਲੀ ਰਹਿੰਦ-ਖੂੰਹਦ ਪ੍ਰਬੰਧਨ ਮਸ਼ੀਨਾਂ ਆਸਾਨੀ ਨਾਲ ਉਪਲਬਧ ਕਰਵਾਈਆਂ ਜਾ ਸਕਣ। ਇਸ ਬਾਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ 'ਉੱਨਤ ਕਿਸਾਨ' ਐਪ 'ਤੇ ਜ਼ਿਲ੍ਹੇ ਦੀਆਂ ਸੀ.ਆਰ.ਐਮ. ਮਸ਼ੀਨਾਂ ਨੂੰ ਮੈਪ ਕੀਤਾ ਜਾ ਰਿਹਾ ਏ। ਉਨ੍ਹਾਂ ਦੱਸਿਆ ਕਿ ਇਸ ਮੋਬਾਈਲ ਐਪਲੀਕੇਸ਼ਨ ਰਾਹੀਂ ਕਿਸਾਨ ਆਪਣੇ ਆਸ-ਪਾਸ ਉਪਲਬਧ ਮਸ਼ੀਨ

ਆਸਾਨੀ ਨਾਲ ਬੁੱਕ ਕਰਵਾ ਸਕਦੇ ਨੇ। ਮਸ਼ੀਨ ਦੀ ਵਰਤੋਂ ਦੀ ਨਿਗਰਾਨੀ ਕਰਨ ਅਤੇ ਕਿਸਾਨਾਂ ਨੇ ਰਹਿੰਦ-ਖੂੰਹਦ ਪ੍ਰਬੰਧਨ ਸਬੰਧੀ ਕੀਤੀਆਂ ਗਈਆਂ ਸਾਰੀਆਂ ਗਤੀਵਿਧੀਆਂ ਦਾ ਦਸਤਾਵੇਜ਼ੀਕਰਨ ਕਰਨ ਲਈ ਹਰੇਕ ਮਸ਼ੀਨ ਨੂੰ ਕਾਸ਼ਤਯੋਗ ਜ਼ਮੀਨ ਦੇ ਖੇਤਰ ਅਨੁਸਾਰ ਜੀਓ-ਟੈਗ ਕੀਤਾ ਏ।

-------------------------------------------------

ਬਟਾਲਾ ਵਿਚ ਪਰਾਲੀ ਨਾ ਸਾੜਨ ਲਈ ਵਿਸ਼ੇਸ਼ ਮੁਹਿੰਮ ਚਲਾਈ ਗਈ ਏ। ਇਸ ਤਹਿਤ ਸਿਵਲ ਤੇ ਪੁਲਿਸ ਵਿਭਾਗ ਦੀਆਂ ਸਾਂਝੀਆਂ ਟੀਮਾਂ ਵਲੋਂ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਲਈ ਜਾਗਰੂਕ ਕੀਤਾ ਜਾ ਰਿਹਾ ਏ। ਵਧੀਕ ਡਿਪਟੀ ਕਮਿਸ਼ਨਰ ਸੁਰਿੰਦਰ ਸਿੰਘ ਨੇ ਦੱਸਿਆ ਕਿ ਜਿਲ੍ਹਾ ਪ੍ਰਸ਼ਾਸਨ ਵਲੋਂ ਪਿੰਡਾਂ ਵਿੱਚ ਜਾ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਦੇ ਫਾਇਦਿਆਂ, ਪਰਾਲੀ ਸਾੜਨ ਦੇ ਨੁਕਸਾਨਾਂ ਅਤੇ ਪਰਾਲੀ ਦੀ ਸਾਂਭ-ਸੰਭਾਲ ਲਈ ਜਿਲ੍ਹੇ ਵਿੱਚ ਉਪਲੱਬਧ ਖੇਤੀ ਮਸ਼ੀਨਰੀ ਬਾਰੇ ਜਾਗਰੂਕ ਕੀਤਾ ਜਾ ਰਿਹਾ ਏ। ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਪਿੰਡਾਂ

ਨੰਗਲ ਅਤੇ ਮੀਕੇ ਵਿੱਚ ਵਲੰਟੀਅਰਾਂ ਵਲੋਂ ਜਾ ਕੇ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਪੈਂਫਲਿਟ ਤੇ ਪੋਸਟਰ ਵੀ ਵੰਡੇ ਗਏ ਨੇ।

----------------------------------------------------

**<u>ਆਖ਼ਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ</u>**

- ਸੀਨੀਅਰ BJP ਨੇਤਾ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਜੰਮੂ 'ਚ ਚੋਣ ਰੈਲੀ ਨੂੰ ਸੰਬੋਧਨ ਕੀਤਾ ਏ .
- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਸਮਾਜ ਦੇ ਹੇਠਲੇ ਪੱਧਰ 'ਤੇ ਰਹਿ ਰਹੇ ਵਰਗਾਂ ਨੂੰ ਸਮਾਜਿਕ ਨਿਆਂ ਦਿਵਾਉਣ ਲਈ ਕੰਮ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ ਏ ।
- ਦੇਸ਼ ਅੱਜ ਮਹਾਨ ਅਜ਼ਾਦੀ ਘੁਲਾਟੀਏ ਸ਼ਹੀਦ ਭਗਤ ਸਿੰਘ ਨੂੰ ਓਹਨਾਂ ਦੇ ਜਨਮਦਿਨ 'ਤੇ ਯਾਦ ਕਰ ਰਿਹਾ ਏ ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਆਪਣੇ ਰੇਡੀਓ ਪ੍ਰੋਗ੍ਰਾਮ, ਮਨ ਕੀ ਬਾਤ ਦੇ 114ਵੇਂ ਐਪੀਸੋਡ 'ਚ ਭਲਕੇ ਸਵੇਰੇ 11 ਵਜੇ ਦੇਸ਼ ਵਿਦੇਸ਼ 'ਚ ਲੋਕਾਂ ਨੂੰ ਸੰਬੋਧਨ ਕਰਨਗੇ।